# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :04-06-2026**

ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਭਾਰਤ ਅਤੇ ਕੰਬੋਡੀਆ ਤੋਂ ਕੰਮ ਕਰ ਰਹੇ ਮਨੁਖੀ ਤਸਕਰੀ ਸਿੰਡੀਕੇਟ ਦੀ ਜਾਂਚ ਦੇ ਸਬੰਧ ਵਿੱਚ ਬੀਤੇ ਕਲ੍ਹ ਪੰਜਾਬ ਅਤੇ ਉੱਤਰ ਪ੍ਰਦੇਸ਼ ਵਿੱਚ ਤਲਾਸ਼ੀ ਮੁਹਿੰਮ ਚਲਾਈ। ਈਡੀ ਨੇ ਕਿਹਾ ਕਿ ਸਿੰਡੀਕੇਟ ਦੇ, ਸੰਗਠਿਤ ਮਨੁੱਖੀ ਤਸਕਰੀ, ਸਾਈਬਰ ਧੋਖਾਧੜੀ ਅਤੇ ਇਨ੍ਹਾਂ ਗੈਰ-ਕਾਨੂੰਨੀ ਗਤੀਵਿਧੀਆਂ ਰਾਹੀਂ ਪੈਦਾ ਹੋਏ ਅਪਰਾਧ ਤੋਂ ਪ੍ਰਾਪਤ ਕਮਾਈ ਨੂੰ ਲਾਂਡਰਿੰਗ ਵਿੱਚ ਸ਼ਾਮਲ ਹੋਣ ਦਾ ਸ਼ੱਕ ਏ । ਡਾਇਰੈਕਟੋਰੇਟ ਨੇ ਦੱਸਿਆ ਕਿ ਦਿੱਲੀ ਪੁਲਿਸ ਵਲੋਂ ਦਾਇਰ FIR ਅਤੇ ਚਾਰਜਸ਼ੀਟਾਂ ਦੇ ਆਧਾਰ 'ਤੇ ਇਨਫੋਰਸਮੈਂਟ ਕੇਸ ਜਾਣਕਾਰੀ ਰਿਪੋਰਟ ਦਰਜ ਕਰਨ ਤੋਂ ਬਾਅਦ ਮਨੀ ਲਾਂਡਰਿੰਗ ਰੋਕਥਾਮ ਕਾਨੂੰਨ ਤਹਿਤ ਜਾਂਚ ਸ਼ੁਰੂ ਕੀਤੀ ਗਈ ਸੀ। ਈਡੀ ਨੇ ਅੱਗੇ ਕਿਹਾ ਕਿ ਤਲਾਸ਼ੀ ਮੁਹਿੰਮ ਉਨ੍ਹਾਂ ਵਿਅਕਤੀਆਂ ਦੀਆਂ ਰਿਹਾਇਸ਼ੀ ਥਾਵਾਂ 'ਤੇ ਚਲਾਈ ਗਈ ਜੋ ਭਰਤੀ ਕਰਨ ਵਾਲੇ ਭਾਰਤੀ ਵਿਅਕਤੀਆਂ ਜਾਂ ਏਜੰਟਾਂ ਵਜੋਂ ਕੰਮ ਕਰਦੇ ਸਨ ਅਤੇ ਵਿਦੇਸ਼ੀ ਰੁਜ਼ਗਾਰ ਦੇ ਮੌਕੇ ਪ੍ਰਦਾਨ

ਕਰਨ ਦੇ ਝੂਠੇ ਬਹਾਨੇ ਨਾਲ ਪੀੜਤਾਂ ਦੀ ਕੰਬੋਡੀਆ ਵਿੱਚ ਤਸਕਰੀ ਕਰਨ ਵਿੱਚ ਸਹਾਇਤਾ ਕਰਦੇ ਸਨ।

--------------------------------------------------------

ਪੰਜਾਬ ਰਾਜ ਚੋਣ ਕਮਿਸ਼ਨ, ਨੇ ਦੱਸਿਆ ਕਿ ਨਗਰ ਕੌਂਸਲ ਗੁਰਦਾਸਪੁਰ, ਦੀਨਾਨਗਰ, ਕਾਦੀਆਂ ਅਤੇ ਨਗਰ ਕੌਂਸਲ ਸ਼ਾਮ ਚੌਰਾਸੀ ਲਈ ਕੁੱਲ 403 ਨਾਮਜ਼ਦਗੀਆਂ ਪ੍ਰਾਪਤ ਹੋਈਆਂ ਨੇ। ਇਨ੍ਹਾਂ 4 ਨਗਰ ਕੌਂਸਲ ਦੀਆਂ ਚੋਣਾਂ ਲਈ ਵੋਟਾਂ 13 ਜੂਨ ਨੂੰ ਪੈਣਗੀਆਂ। ਉਨ੍ਹਾਂ ਅੱਗੇ ਦੱਸਿਆ ਕਿ ਇਹ ਵੋਟਾਂ EVM ਰਾਹੀਂ ਪੈਣਗੀਆਂ ਅਤੇ ਵੋਟਾਂ ਦੀ ਗਿਣਤੀ 13 ਜੂਨ ਨੂੰ ਵੋਟਾਂ ਪੈਣ ਤੋਂ ਤੁਰੰਤ ਬਾਅਦ ਪੋਲਿੰਗ ਸਟੇਸ਼ਨ ’ਤੇ ਹੀ ਹੋਵੇਗੀ।

--------------------------------------------------------

ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਬੀਤੇ ਕੱਲ੍ਹ ਮੁਹਾਲੀ ਦੇ ਪਿੰਡ ਘੜੂੰਆਂ ਸਥਿਤ ਚੰਡੀਗੜ੍ਹ ਯੂਨੀਵਰਸਿਟੀ ਦੇ 'ਸੀ ਯੂ ਸਕਾਲਰਜ਼ ਸਮਿਟ 2026' ਦੇ ਤੀਜੇ ਐਡੀਸ਼ਨ ਦਾ ਉਦਘਾਟਨ ਦੌਰਾਨ ਕੀਤਾ। ਸਮਿਟ ਵਿੱਚ ਪੰਜਾਬ ਸਮੇਤ ਦੇਸ਼ ਦੇ 22 ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਤੋਂ ਚੁਣੇ ਗਏ ਵੱਖ-ਵੱਖ ਵਿਭਾਗਾਂ ਦੇ ਲਗਭਗ 3 ਹਜ਼ਾਰ ਵਿਦਿਆਰਥੀ ਸ਼ਾਮਲ ਹੋਏ। ਇਸ ਮੌਕੇ ਰਾਜਪਾਲ ਨੇ ਕਿਹਾ ਕਿ ਨੌਜਵਾਨ ਸਿਰਫ਼ ਨੌਕਰੀ ਦੀ ਭਾਲ ਕਰਨ

ਨਾ ਬਣਨ ਸਗੋਂ ਦੂਜਿਆਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਆਤਮ-ਨਿਰਭਰ ਅਤੇ ਸਮਰੱਥ ਬਣਾਉਣ ਲਈ ਦੇਸ਼ ਵਿੱਚ ਅਨੇਕਾਂ ਸਰਕਾਰੀ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਨੇ, ਤਾਂ ਜੋ ਸਾਡੀ ਨੌਜਵਾਨ ਪੀੜ੍ਹੀ ਆਪਣੇ ਪੈਰਾਂ 'ਤੇ ਖੜ੍ਹੀ ਹੋ ਸਕੇ। ਵਿਦਿਆਰਥੀਆਂ ਦਾ ਮਾਰਗਦਰਸ਼ਨ ਕਰਦਿਆਂ ਰਾਜਪਾਲ ਨੇ ਕਿਹਾ ਕਿ ਭਾਰਤ ਦੇ ਨੌਜਵਾਨਾਂ ਨੂੰ ਸਿੱਖਿਆ ਅਤੇ ਖੋਜ ਦੇ ਖੇਤਰ ਵਿੱਚ ਸਿਰਫ਼ ਪੱਛਮੀ ਮੁਲਕਾਂ ਉੱਪਰ ਹੀ ਨਿਰਭਰ ਨਹੀਂ ਰਹਿਣਾ ਚਾਹੀਦਾ, ਸਗੋਂ ਆਪਣੇ ਦੇਸ਼ ਦੀ ਅਮੀਰ ਅਤੇ ਡੂੰਘੀਆਂ ਜੜ੍ਹਾਂ ਵਾਲੀ ਗਿਆਨ ਵਿਰਾਸਤ ਨਾਲ ਵੀ ਦੁਬਾਰਾ ਜੁੜਨਾ ਚਾਹੀਦਾ ਏ।

---------------------------------------------------------------------

ਪੰਜਾਬ ਸਰਕਾਰ ਨੇ ਸੂਬੇ ਵਿਚ ਪ੍ਰਾਈਵੇਟ ਸਕੂਲਾਂ ਵੱਲੋਂ ਮਨਮਰਜੀ ਨਾਲ ਫੀਸਾਂ ਵਧਾਉਣ ਦੇ ਸਿਲਸਿਲੇ ਨੂੰ ਖਤਮ ਦੇ ਉਦੇਸ਼ ਨਾਲ ਵਿਆਪਕ ਨਿਆਮਰ ਢਾਂਚੇ ਦਾ ਐਲਾਨ ਕੀਤਾ ਏ। ਇਸ ਤਹਿਤ ਸਾਲਾਨਾ ਫੀਸ ਵਾਧੇ ‘ਤੇ 5 ਫੀਸਦੀ ਦੀ ਹੱਦ ਲਾਈ ਗਈ ਏ। ਜਿਨ੍ਹਾਂ ਸਕੂਲਾਂ ਨੇ ਪਿਛਲੇ ਤਿੰਨ ਸਾਲਾਂ ਦੌਰਾਨ ਸਾਲਾਨਾ ਹੱਦ ਦੀ ਉਲੰਘਣਾ ਕੀਤੀ ਏ, ਉਨ੍ਹਾਂ ਵੱਲੋਂ ਵਸੂਲੀ ਗਈ ਵਾਧੂ ਫੀਸ ਵਾਪਸ ਕਰਨੀ ਲਾਜ਼ਮੀ ਕੀਤੀ ਗਈ ਏ ਅਤੇ ਸਖਤ ਜੁਰਮਾਨਿਆਂ ਦੀ ਵਿਵਸਥਾ ਤੋਂ ਇਲਾਵਾ ਆਖਰਕਾਰ ਸਕੂਲ ਦੀ ਮਾਨਤਾ ਤੱਕ ਰੱਦ ਕੀਤੀ ਜਾ ਸਕਦੀ ਏ। ਇਸ ਤਜਵੀਜ਼ਤ ਕਾਨੂੰਨ ਨੂੰ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪ੍ਰਾਈਵੇਟ ਸਕੂਲਾਂ ਵੱਲੋਂ ਮਨਮਰਜੀ ਦੀਆਂ ਫੀਸਾਂ ਵਧਾਉਣ ਵਿਰੁੱਧ ਦੇਸ਼ ਦਾ ਸਭ ਤੋਂ ਸਖਤ ਕਾਨੂੰਨ ਕਰਾਰ ਦਿੱਤਾ ਏ। ਇਹ ਕਾਨੂੰਨ ਆਗਾਮੀ ਵਿਧਾਨ ਸਭਾ ਸੈਸ਼ਨ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਹ ਪੰਜਾਬ ਦੇ ਸਾਰੇ ਨਿੱਜੀ ਸਕੂਲਾਂ ‘ਤੇ ਲਾਗੂ ਹੋਵੇਗਾ। ਪੰਜ ਫੀਸਦੀ ਦੀ ਇਹ ਹੱਦ ਸਿਰਫ ਟਿਊਸ਼ਨ ਫੀਸਾਂ ‘ਤੇ ਨਹੀਂ, ਸਗੋਂ ਸਕੂਲਾਂ ਵੱਲੋਂ ਇਕੱਠੇ ਕੀਤੇ ਜਾਣ ਵਾਲੇ ਸਾਰੇ ਲਾਜ਼ਮੀ ਖਰਚਿਆਂ ਅਤੇ ਫੰਡਾਂ ‘ਤੇ ਵੀ ਲਾਗੂ ਹੋਵੇਗੀ।

---------------------------------------------------------------

ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਮਾਨਸੂਨ ਤੋਂ ਪਹਿਲਾਂ ਸੀਵਰੇਜ ਓਵਰਫਲੋਅ ਅਤੇ ਸ਼ਹਿਰਾਂ ਵਿੱਚ ਪਾਣੀ ਭਰਨ ਦੀ ਸਮੱਸਿਆ ਨੂੰ ਹੱਲ ਕਰਨ ਵਾਸਤੇ ਸੂਬੇ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਸੀਵਰੇਜ ਸਫ਼ਾਈ ਮੁਹਿੰਮ ਦੀ ਸ਼ੁਰੂਆਤ ਕੀਤੀ ਏ। ਉਨ੍ਹਾਂ ਕਿਹਾ ਕਿ ਮਾਨਸੂਨ ਤੋਂ ਪਹਿਲਾਂ ਸੂਬੇ ਭਰ ਦੇ ਸਾਰੇ ਸ਼ਹਿਰਾਂ ਅਤੇ ਕਸਬਿਆਂ ਵਿੱਚ 2,200 ਕਿਲੋਮੀਟਰ ਸੀਵਰੇਜ ਲਾਈਨਾਂ ਅਤੇ 1,400 ਪਛਾਣੀਆਂ ਗਈਆਂ ਥਾਵਾਂ ਨੂੰ ਸਾਫ਼ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਮੁਹੱਲਿਆਂ ਵਿੱਚ 800 ਕਿਲੋਮੀਟਰ ਮੁੱਖ ਟਰੰਕ ਲਾਈਨਾਂ ਅਤੇ 1,400 ਕਿਲੋਮੀਟਰ ਬ੍ਰਾਂਚ ਲਾਈਨਾਂ ਨੂੰ ਕਵਰ ਕੀਤਾ ਜਾਵੇਗਾ। ਮੰਤਰੀ ਨੇ ਕਿਹਾ ਕਿ ਹਰ ਸਾਲ ਜਦੋਂ ਬਾਰਸ਼ ਆਉਂਦੀ ਏ ਤਾਂ ਹਰ ਸ਼ਹਿਰ ਅਤੇ

ਮੁਹੱਲੇ ਵਿੱਚ ਕੁਝ ਅਜਿਹੇ ਸਥਾਨ ਹੁੰਦੇ ਨੇ ਜਿੱਥੇ ਸੀਵਰੇਜ ਓਵਰਫਲੋਅ ਹੁੰਦਾ ਏ। ਮੰਤਰੀ ਨੇ ਕਿਹਾ ਕਿ ਸਥਾਨਕ ਸਰਕਾਰਾਂ ਵਿਭਾਗ ਅਤੇ ਸੀਵਰੇਜ ਬੋਰਡ ਦੇ ਜੇ.ਈਜ਼. ਤੇ ਹੋਰ ਸਟਾਫ ਨੂੰ ਇਸ ਮੁਹਿੰਮ ਲਈ ਵਿਸ਼ੇਸ਼ ਸਿਖਲਾਈ ਦਿੱਤੀ ਗਈ ਏ। ਸੁਪਰ-ਸਕਸ਼ਨ ਮਸ਼ੀਨਾਂ ਅਤੇ ਉੱਚ-ਸਮਰੱਥਾ ਵਾਲੇ ਜੈਟਿੰਗ ਉਪਕਰਣ ਲਏ ਗਏ ਨੇ। ਅਸਲ-ਸਮੇਂ ਦੀ ਜਾਣਕਾਰੀ ਲਈ ਵੱਖਰੇ ਕੰਟਰੋਲ ਰੂਮ ਅਤੇ ਡਿਜੀਟਲ ਡੈਸ਼ਬੋਰਡ ਸਥਾਪਤ ਕੀਤੇ ਜਾ ਰਹੇ ਨੇ।

---------------------------------------------------

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਵੱਲੋਂ ਉਠਾਈਆਂ ਗਈਆਂ ਜਾਇਜ਼ ਮੰਗਾਂ ਦੇ ਨਿਪਟਾਰੇ ਵਿੱਚ ਤੇਜ਼ੀ ਲਿਆਉਣ ਲਈ ਉੱਚ ਪੱਧਰੀ ਮੀਟਿੰਗਾਂ ਦੀ ਪ੍ਰਧਾਨਗੀ ਕੀਤੀ। ਉਨ੍ਹਾਂ ਸਬੰਧਤ ਵਿਭਾਗਾਂ ਦੇ ਪ੍ਰਬੰਧਕੀ ਮੁਖੀਆਂ ਨੂੰ ਮੌਕੇ ’ਤੇ ਹੀ ਨਿਰਦੇਸ਼ ਜਾਰੀ ਕਰਦਿਆਂ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦੀ ਬਾਰੀਕੀ ਨਾਲ ਪੜਤਾਲ ਕਰਨ ਅਤੇ ਜਲਦੀ ਤੋਂ ਜਲਦੀ ਇਨ੍ਹਾਂ ਦਾ ਹੱਲ ਯਕੀਨੀ ਬਣਾਉਣ ਦੀ ਹਦਾਇਤ ਕੀਤੀ। ਕੈਬਨਿਟ ਸਬ-ਕਮੇਟੀ ਦੀ ਭੂਮਿਕਾ ’ਤੇ ਜ਼ੋਰ ਦਿੰਦਿਆਂ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਕੈਬਨਿਟ ਸਬ-ਕਮੇਟੀ ਸੂਬੇ ਦੇ ਸਾਰੇ ਕੇਡਰਾਂ ਦੇ ਮੁਲਾਜ਼ਮਾਂ ਦੇ ਮਸਲਿਆਂ ਦੇ ਹੱਲ ਲਈ ਇੱਕ ਸਹਿਯੋਗੀ ਮਾਹੌਲ ਸਿਰਜਣ ਲਈ ਸਰਗਰਮੀ ਨਾਲ ਕੰਮ ਕਰ ਰਹੀ ਏ।

---

ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਮੋਹਾਲੀ ਦੇ 10ਵੇਂ ਕੋਰਸ ਦੇ ਦੋ ਕੈਡਿਟਾਂ ਨੇ ਏਅਰ ਫੋਰਸ ਕਾਮਨ ਐਡਮਿਸ਼ਨ ਟੈਸਟ -2 ਪ੍ਰੀਖਿਆ ਵਿੱਚ ਦੇਸ਼ ਵਿਚੋਂ ਦੂਜਾ ਅਤੇ ਛੇਵਾਂ ਰੈਂਕ ਪ੍ਰਾਪਤ ਕੀਤਾ ਏ। ਇਸ ਵੱਕਾਰੀ ਪ੍ਰਾਪਤੀ ਵਜੋਂ ਜ਼ਿਲ੍ਹਾ ਰੋਪੜ ਦੇ ਸਰਕਾਰੀ ਸਕੂਲ ਅਧਿਆਪਕ ਦੇ ਪੁੱਤਰ ਸੁਖਰਾਜ ਸਿੰਘ ਹੀਰਾ ਨੇ ਪੂਰੇ ਦੇਸ਼ ਵਿੱਚੋਂ ਦੂਜਾ ਅਤੇ ਪਠਾਨਕੋਟ ਦੇ ਕੈਡਿਟ ਜਸਨੂਰ ਸਿੰਘ ਨੇ 6ਵਾਂ ਰੈਂਕ ਪ੍ਰਾਪਤ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਏ। ਇਹ ਦੋਵੇਂ ਕੈਡਿਟ ਇਸ ਮਹੀਨੇ ਦੇ ਅਖੀਰ ਵਿੱਚ ਸ਼ੁਰੂ ਹੋਣ ਵਾਲੇ ਕੰਬਾਈਨਡ ਡਿਫੈਂਸ ਸਰਵਿਸਿਜ਼ ਕੋਰਸਾਂ ਲਈ ਪਹਿਲਾਂ ਹੀ ਚੁਣੇ ਜਾ ਚੁੱਕੇ ਨੇ। ਦੋਵਾਂ ਕੈਡਿਟਾਂ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਕੈਬਨਿਟ ਅਮਨ ਅਰੋੜਾ ਨੇ ਕਿਹਾ ਕਿ ਇਹ ਪ੍ਰਾਪਤੀ ਪੰਜਾਬ ਦੇ ਨੌਜਵਾਨਾਂ ਦੀ ਪ੍ਰਤਿਭਾ ਅਤੇ ਦ੍ਰਿੜਤਾ ਦਾ ਸਪੱਸ਼ਟ ਸਬੂਤ ਏ

---